ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਮੀਮੋ ਨੰ. 3/57/2019-3ਸਿ3/ 1609972/1 ਮਿਤੀ, ਚੰਡੀਗੜ੍ਹ: 8-11-19

Indo Canadian International School, Binjal, Tehsil Raikot, District Ludhiana ਨੂੰ ਹਾਈ ਪੱਧਰ ਦੀ ਮਾਨਤਾ ਹੇਠ ਲਿਖੀਆਂ ਸ਼ਰਤਾਂ ਤੇ ਦਿੱਤੀ ਜਾਂਦੀ ਹੈ:-

1. ਸਕੂਲ The Right of Children to Free and Compulsory Education Act, 2009 ਦੀ ਪਾਲਣਾ ਕਰੇਗਾ।
2. ਸਕੂਲ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਨਾ ਯਕੀਨੀ ਬਣਾਏਗਾ।
3. ਕਿਸੇ ਵੀ ਸਟੇਜ ਤੇ ਤੱਥਾਂ ਦੇ ਗਲਤ ਸਾਬਤ ਹੋਣ ਦੀ ਸੂਰਤ ਵਿੱਚ ਇਹ ਮਾਨਤਾ ਰੱਦ ਕੀਤੀ ਜਾਵੇਗੀ।
4. ਸਕੂਲ ਵਲੋਂ ਚਲਾਨ ਨੰ. CPV7029724 ਮਿਤੀ 24.10.2019 ਰਾਹੀਂ 76,000/-ਰੁਪਏ ਦੀ ਪ੍ਰੋਸੈਸਿੰਗ ਫੀਸ ਜਮ੍ਹਾ ਕਰਵਾ ਦਿੱਤੀ ਗਈ ਹੈ।

ਅਧੀਨ ਸਕੱਤਰ ਸਕੂਲ ਸਿੱਖਿਆ

ਪਿ.ਅੰ.ਨੰ. 3/57/2019-3ਸਿ3 ਮਿਤੀ, ਚੰਡੀਗੜ੍ਹ:

ਉਪਰੋਕਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ) ਪੰਜਾਬ, ਮੋਹਾਲੀ।
2. ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ), ਲੁਧਿਆਣਾ।

ਅਧੀਨ ਸਕੱਤਰ ਸਕੂਲ ਸਿੱਖਿਆ

Principal
INDO CANADIAN INTERNATIONAL SCHOOL, BINJAL (Ludhiana)

Manager
INDO CANADIAN INTERNATIONAL SCHOOL
BINJAL (Ludhiana)

ਨੰ: 3/57/2019-3ਸਿ3 | 1609975/1

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
Indo Canadian International School,
Binjal, Tehsil Raikot,
District Ludhiana.

ਮਿਤੀ:ਚੰਡੀਗੜ੍ਹ: 8-11-2019

ਵਿਸ਼ਾ:- Indo Canadian International School, Binjal, Tehsil Raikot, District Ludhiana ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਹਾਈ ਪੱਧਰ ਦਾ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਸਬੰਧੀ।

******

ਸ੍ਰੀਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਲੁਧਿਆਣਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਮੋਹਾਲੀ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਹਾਈ ਪੱਧਰ ਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।
4. **ਸੀ.ਬੀ.ਐਸ.ਈ** ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜ਼ਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ

Principal
INDO CANADIAN INTERNATIONAL
SCHOOL, BINJAL (Ludhiana)

Manager
INDO CANADIAN INTERNATIONAL SCHOOL
BINJAL (Ludhiana)

ਹੋਰ ਭੱਤੇ ਆਦਿ ਅਕਾਊਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਸਕੂਲ ਐਕਸਟੈਨਸ਼ਨ/ਅਪਗ੍ਰੇਡੇਸ਼ਨ ਸਮੇਂ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਸਬੰਧਤ ਜਿਲ੍ਹਾ ਸਿੱਖਿਆ ਅਫਸਰ ਦੇ ਕੋਲ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਦਾ ਬਣਦਾ ਰਿਜ਼ਰਵ ਫੰਡ ਜਮ੍ਹਾ ਕਰਵਾਏਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

6 ਬੱਚਿਆ ਦੀ ਸੁਰੱਖਿਆ, ਪਬਲਿਕ ਹੈਲਥ ਸੈਨੀਟੇਸ਼ਨ ਅਤੇ ਹੋਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਦਾ ਸਮੇਂ -2 ਨਿਰੀਖਣ ਪੰਜਾਬ ਸਰਕਾਰ ਦੇ ਅਧਿਕਾਰੀਆਂ ਵੱਲੋਂ ਕੀਤਾ ਜਾਵੇਗਾ।

7. ਪੰਜਾਬ ਸਰਕਾਰ ਵੱਲੋਂ ਪੱਤਰ ਨੰ:2/93/2009/3ਸਿ3/1360154 ਮਿਤੀ 26.11.2018 ਰਾਹੀਂ ਜਾਰੀ ਕੀਤੀਆਂ ਗਾਈਡਲਾਇਨਜ਼ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ।

ਅਧੀਨ ਸਕੱਤਰ ਸਕੂਲ ਸਿੱਖਿਆ

ਪਿੱ:ਅੰ:ਨੰ: 3/57/2019-3ਸਿ3/

ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ. 235795, 15/40-2019 ਗ੍ਰਾਂਟ ਕਮ ਪੈਨ: 1(3)/201937858 ਮਿਤੀ 05.11.19 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2. Indo Canadian International School, Binjal, Tehsil Raikot, District Ludhiana ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਅਧੀਨ ਸਕੱਤਰ ਸਕੂਲ ਸਿੱਖਿਆ

Principal
INDO CANADIAN INTERNATIONAL SCHOOL, BINJAL (Ludhiana)

Manager
INDO CANADIAN INTERNATIONAL SCHOOL
BINJAL (Ludhiana)